# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 03-04-2024**

- ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ 2024 ਦੌਰਾਨ ਗਲਤ ਜਾਣਕਾਰੀ ਦਾ ਫੈਲਾਅ ਰੋਕਣ ਤੇ ਚੋਣ ਪ੍ਰਕਿਰਿਆ ਦੀ ਅਖੰਡਤਾ ਕਾਇਮ ਰੱਖਣ ਲਈ 'ਮਿੱਥ ਬਨਾਮ ਹਕੀਕਤ ਰਜਿਸਟਰ' ਲਾਂਚ ਕੀਤਾ।
- ਲੋਕਸਭਾ ਚੋਣਾਂ ਦੌਰਾਨ ਲੋਕਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਬਾਰੇ ਪ੍ਰੇਰਿਤ ਕਰਨ ਲਈ ਵੱਖ ਵੱਖ ਜ਼ਿਲਿਆਂ ਵਿਚ ਕਈ ਗਤੀਵਿਧੀਆਂ ਚੱਲ ਰਹੀਆਂ ਨੇ।
- ਕੰਬੋਡੀਆ ਸਿਵਲ ਸੇਵਾ ਦੇ ਅਧਿਕਾਰੀਆਂ ਦੇ 39 ਮੈਂਬਰੀ ਵਫ਼ਦ ਨੇ ਪਟਿਆਲਾ ਦਾ ਦੌਰਾ ਕਰਕੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਉਸਾਰੂ ਚਰਚਾ ਕੀਤੀ।

- ਐਨ ਸੀ ਈ ਆਰ ਟੀ ਅਨੁਸਾਰ ਬਾਜ਼ਾਰ ਵਿਚ ਸਕੂਲੀ ਕਿਤਾਬਾਂ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਏ।

---------------------------------------------------------------

ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ 2024 ਦੌਰਾਨ ਗਲਤ ਜਾਣਕਾਰੀ ਦੇ ਫੈਲਾਅ ਨੂੰ ਰੋਕਣ ਅਤੇ ਚੋਣ ਪ੍ਰਕਿਰਿਆ ਦੀ ਅਖੰਡਤਾ ਬਰਕਰਾਰ ਰੱਖਣ ਲਈ 'ਮਿੱਥ ਬਨਾਮ ਹਕੀਕਤ ਰਜਿਸਟਰ' ਲਾਂਚ ਕੀਤਾ ਏ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਸੁਖਬੀਰ ਸਿੰਘ ਸੰਧੂ ਦੇ ਨਾਲ ਨਵੀਂ ਦਿੱਲੀ ਵਿਖੇ ਕਲ ਇਸ ਨੂੰ ਲਾਂਚ ਕੀਤਾ। 'ਮਿੱਥ ਬਨਾਮ ਅਸਲੀਅਤ ਰਜਿਸਟਰ' ਚੋਣ ਕਮਿਸ਼ਨ ਦੀ ਅਧਿਕਾਰਤ ਵੈੱਬਸਾਈਟ (https://mythvsreality.eci.gov.in/) ਰਾਹੀਂ ਜਨਤਾ ਲਈ ਉਪਲਬਧ ਏ। ਇਹ ਇੱਕ ਉਪਭੋਗਤਾ-ਅਨੁਕੂਲ ਫਾਰਮੈਟ ਵਿੱਚ ਡਿਜ਼ਾਇਨ ਕੀਤਾ ਗਿਆ ਏ ਜਿਸ ਵਿੱਚ EVM/VVPAT, ਵੋਟਰ ਸੂਚੀਆਂ/ਵੋਟਰ ਸੇਵਾਵਾਂ, ਚੋਣ ਆਚਰਣ ਅਤੇ ਹੋਰਾਂ ਬਾਰੇ ਮਿੱਥਾਂ ਅਤੇ ਗਲਤ ਜਾਣਕਾਰੀ ਦੇ ਖੇਤਰਾਂ ਨੂੰ ਵਿਆਪਕ ਰੂਪ

ਵਿੱਚ ਸ਼ਾਮਲ ਕੀਤਾ ਗਿਆ ਏ। ਨਵੀਨਤਮ, ਸਟੀਕ ਤੇ ਪ੍ਰਮਾਣਿਤ ਜਾਣਕਾਰੀ ਅਤੇ ਪ੍ਰਸ਼ਨਾਵਲੀ ਨੂੰ ਸ਼ਾਮਲ ਕਰਨ ਲਈ ਰਜਿਸਟਰ ਦੇ ਤੱਥ ਮੈਟ੍ਰਿਕਸ ਨੂੰ ਨਿਯਮਿਤ ਤੌਰ 'ਤੇ ਅਪਡੇਟ ਕੀਤਾ ਜਾਵੇਗਾ।

**ਵੇਰਵੇ ਨਾਲ ਇਹ ਰਿਪੋਰਟ:** ***ਡਿਸਪੈਚ: 'ਮਿੱਥ ਬਨਾਮ ਹਕੀਕਤ ਰਜਿਸਟਰ' ਦੀ ਸ਼ੁਰੂਆਤ ਚੋਣ ਪ੍ਰਕਿਰਿਆ ਦੌਰਾਨ ਗਲਤ ਜਾਣਕਾਰੀ ਤੋਂ ਬਚਾਉਣ ਲਈ ਚੋਣ ਕਮਿਸ਼ਨ ਦੇ ਚੱਲ ਰਹੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਏ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਧਨ ਬਲ ਦੀ ਵਰਤੋਂ ਅਤੇ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੇ ਨਾਲ-ਨਾਲ ਗਲਤ ਜਾਣਕਾਰੀ ਨੂੰ ਚੋਣ ਅਖੰਡਤਾ ਲਈ ਇੱਕ ਚੁਣੌਤੀ ਵਜੋਂ ਪਛਾਣਿਆ ਏ। ਗਲਤ ਜਾਣਕਾਰੀ ਅਤੇ ਜਾਅਲੀ ਖ਼ਬਰਾਂ ਦਾ ਫੈਲਣਾ ਵਿਸ਼ਵ ਪੱਧਰ 'ਤੇ ਬਹੁਤ ਸਾਰੇ ਲੋਕਤੰਤਰਾਂ ਵਿੱਚ ਚਿੰਤਾ ਦਾ ਵਿਸ਼ਾ ਏ। ਇਸ ਦੇ ਮੱਦੇਨਜ਼ਰ ਚੋਣ ਕਮਿਸ਼ਨ ਦੀ ਨਿਵੇਕਲੀ ਅਤੇ ਕਾਰਜਸ਼ੀਲ ਪਹਿਲਕਦਮੀ ਇਹ ਯਕੀਨੀ ਬਣਾਉਣ ਦਾ ਇੱਕ ਯਤਨ ਏ ਕਿ ਵੋਟਰਾਂ ਨੂੰ ਚੋਣ ਪ੍ਰਕਿਰਿਆ ਦੌਰਾਨ ਸਹੀ ਅਤੇ ਪ੍ਰਮਾਣਿਕ ਜਾਣਕਾਰੀ ਮਿਲ ਸਕੇ। 'ਮਿੱਥ ਬਨਾਮ ਹਕੀਕਤ***

ਰਜਿਸਟਰਾ ਚੋਣ ਸਮੇਂ ਦੌਰਾਨ ਫੈਲੀਆਂ ਗਲਤ ਜਾਣਕਾਰੀਆਂ ਨੂੰ ਦੂਰ ਕਰਨ ਲਈ ਵਿਆਪਕ ਤੱਥਾਂ ਦੀ ਜਾਣਕਾਰੀ ਪ੍ਰਦਾਨ ਕਰਦਾ ਏ ਤਾਂ ਜੋ ਵੋਟਰ ਪੂਰੀ ਤਰ੍ਹਾਂ ਜਾਣੂ ਅਤੇ ਚੋਣ ਸੰਬੰਧੀ ਫੈਸਲੇ ਲੈਣ ਦੇ ਯੋਗ ਹੋ ਸਕਣ । ਰਜਿਸਟਰ ਪਹਿਲਾਂ ਹੀ ਚੋਣਾਂ ਨਾਲ ਸਬੰਧਤ ਫਰਜ਼ੀ ਜਾਣਕਾਰੀ, ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਫੈਲੀਆਂ ਸੰਭਾਵਿਤ ਮਿੱਥਾਂ, ਮਹੱਤਵਪੂਰਨ ਵਿਸ਼ਿਆਂ 'ਤੇ ਅਕਸਰ ਪੁੱਛੇ ਜਾਂਦੇ ਸਵਾਲ ਅਤੇ ਸਾਰੇ ਹਿੱਸੇਦਾਰਾਂ ਲਈ ਸੰਦਰਭ ਸਮੱਗਰੀ 'ਤੇ ਵੱਖ-ਵੱਖ ਧਾਰਾਵਾਂ ਅਧੀਨ ਜਾਣਕਾਰੀ ਪ੍ਰਦਾਨ ਕਰਦਾ ਏ । ਸਾਰੇ ਹਿੱਸੇਦਾਰਾਂ ਨੂੰ ਮਿੱਥ ਬਨਾਮ ਅਸਲੀਅਤ ਰਜਿਸਟਰ ਵਿੱਚ ਦਿੱਤੀ ਗਈ ਜਾਣਕਾਰੀ ਦੇ ਨਾਲ ਕਿਸੇ ਵੀ ਚੈਨਲ ਰਾਹੀਂ ਪ੍ਰਾਪਤ ਹੋਣ ਵਾਲੀ ਕਿਸੇ ਵੀ ਸ਼ੱਕੀ ਜਾਣਕਾਰੀ ਦੀ ਪੁਸ਼ਟੀ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਏ । ਇਸ ਪਲੇਟਫਾਰਮ ਦੀ ਵਰਤੋਂ ਜਾਣਕਾਰੀ ਦੀ ਪੁਸ਼ਟੀ ਕਰਨ, ਗਲਤ ਜਾਣਕਾਰੀ ਦੇ ਫੈਲਣ ਨੂੰ ਰੋਕਣ, ਮਿੱਥਾਂ ਨੂੰ ਦੂਰ ਕਰਨ ਅਤੇ 2024 ਦੀਆਂ ਆਮ ਚੋਣਾਂ ਦੌਰਾਨ ਮੁੱਖ ਮੁੱਦਿਆਂ ਤੋਂ ਜਾਣੂ ਰਹਿਣ ਲਈ ਕੀਤੀ ਜਾ ਸਕਦੀ ਏ । ਉਪਭੋਗਤਾ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ

*'ਤੇ ਰਜਿਸਟਰ ਦੀ ਜਾਣਕਾਰੀ ਵੀ ਸਾਂਝੀ ਕਰ ਸਕਦੇ ਨੇ । ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---

ਪੰਜਾਬ ਸਰਕਾਰ ਨੇ ਪਹਿਲੀ ਜੂਨ ਸ਼ਨਿਵਾਰ ਨੂੰ ਪੈਣ ਵਾਲੀਆਂ ਲੋਕ ਸਭਾ ਦੀਆਂ ਵੋਟਾਂ ਨੂੰ ਮੁੱਖ ਰੱਖਦੇ ਹੋਏ ਸੂਬੇ ਵਿਚ ਸਥਿਤ ਸਰਕਾਰੀ ਦਫ਼ਤਰਾਂ/ ਬੋਰਡਾਂ/ਕਾਰਪੋਰੇਸ਼ਨਾਂ/ਵਿਦਿਅਕ ਅਦਾਰਿਆਂ ਲਈ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਏ । ਇਹ ਛੁੱਟੀ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ-1881 ਅਧੀਨ ਵੀ ਐਲਾਨੀ ਗਈ ਏ । ਇਕ ਸਰਕਾਰੀ ਬੁਲਾਰੇ ਨੇ ਕੱਲ ਚੰਡੀਗੜ ਵਿੱਚ ਦਸਿਆ ਕਿ ਵੋਟ ਪਾਉਣ ਲਈ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 135 ਬੀ (1) ਤਹਿਤ ਪਹਿਲੀ ਜੂਨ ਨੂੰ ਪੇਡ (ਅਦਾਇਗੀ ਯੋਗ) ਛੁੱਟੀ ਰਹੇਗੀ । ਇਹ ਛੁੱਟੀ ਕਿਸੇ ਵੀ ਬਿਜਨਿਸ, ਵਪਾਰ, ਉਦਯੋਗ ਜਾਂ ਕਿਸੇ ਵੀ ਹੋਰ ਸੰਸਥਾ ਵਿੱਚ ਕੰਮ ਕਰਦੇ ਸਾਰੇ ਕਰਮਚਾਰੀਆਂ ਲਈ ਐਲਾਨੀ ਗਈ ਏ ।

---

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲੋਕ ਸਭਾ ਚੋਣਾਂ ਲਈ ਪਾਰਟੀ ਦੀ ਮੈਨੀਫੈਸਟੋ ਕਮੇਟੀ ਦਾ ਐਲਾਨ ਕਰ ਦਿੱਤਾ ਏ। ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਭੂੰਦੜ ਚੇਅਰਮੈਨ ਅਤੇ ਡਾ: ਦਲਜੀਤ ਸਿੰਘ ਚੀਮਾ ਇਸ ਦੇ ਮੈਂਬਰ ਸਕੱਤਰ ਹੋਣਗੇ। ਕਮੇਟੀ ਵਿਚ 15 ਮੈਂਬਰ ਸ਼ਾਮਲ ਕੀਤੇ ਗਏ ਨੇ। ਇਸ ਤੋਂ ਇਲਾਵਾ 6 ਮੈਂਬਰ ਵਿਸ਼ੇਸ਼ ਸੱਦੇ ਮੈਂਬਰ ਹੋਣਗੇ।

---

ਬਠਿੰਡਾ ਦੇ ਮੁੱਖ ਖੇਤੀਬਾੜੀ ਅਫਸਰ ਡਾ. ਕਰਨਜੀਤ ਸਿੰਘ ਗਿੱਲ ਅਤੇ ਬਲਾਕ ਖੇਤੀਬਾੜੀ ਅਫਸਰ ਡਾ. ਬਲਜਿੰਦਰ ਸਿੰਘ ਨੇ ਜ਼ਿਲੇ ਦੇ ਪਿੰਡ ਹਰਰਾਏਪੁਰ, ਜੀਦਾ ਅਤੇ ਗਿੱਲ ਪੱਤੀ ਵਿਖੇ ਪਿਛਲੇ ਦਿਨੀਂ ਹੋਈ ਬਾਰਿਸ਼ ਨਾਲ ਪ੍ਰਭਾਵਿਤ ਕਣਕ ਦੇ ਖੇਤਾਂ ਦਾ ਸਰਵੇਖਣ ਕੀਤਾ। ਟੀਮ ਨੇ ਪਾਇਆ ਕਿ ਜ਼ਿਆਦਾਤਰ ਖੇਤਾਂ ਵਿੱਚ ਕਣਕ ਦੀ ਫ਼ਸਲ ਠੀਕ ਏ ਅਤੇ ਕਿਸਾਨਾਂ ਨੂੰ ਸਲਾਹ ਦਿੱਤੀ ਗਈ ਕਿ ਕਣਕ ਦੀ ਫ਼ਸਲ ਤੇ ਕੋਈ ਸਪਰੇ ਕਰਨ ਜਾਂ ਪਾਣੀ ਲਗਾਉਣ ਦੀ ਜਰੂਰਤ ਨਹੀਂ ਏ। ਮੌਕੇ ਤੇ ਮੌਜੂਦ

ਕਿਸਾਨਾਂ ਨੇ ਕਣਕ ਦੇ ਚੰਗੇ ਝਾੜ ਹੋਣ ਦੀ ਉਮੀਦ ਪ੍ਰਗਟਾਈ। ਡਾ. ਗਿੱਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੀ ਵਾਢੀ ਹੋਣ ਉਪਰੰਤ ਕਣਕ ਦੇ ਨਾੜ ਨੂੰ ਅੱਗ ਨਾ ਲਗਾਈ ਜਾਵੇ ਅਤੇ ਨਾੜ ਨੂੰ ਜ਼ਮੀਨ ਵਿੱਚ ਹੀ ਵਾਹ ਦਿੱਤਾ ਜਾਵੇ ਤਾਂ ਜੋ ਮਿੱਟੀ ਦੀ ਸਿਹਤ ਵਿੱਚ ਸੁਧਾਰ ਹੋ ਸਕੇ ਅਤੇ ਉਪਜਾਊ ਸ਼ਕਤੀ ਬਰਕਰਾਰ ਰਹੇ। ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਨਾਲ ਵੱਧ ਤੋਂ ਵੱਧ ਰਾਬਤਾ ਕਾਇਮ ਰੱਖਣ ਲਈ ਕਿਹਾ ਤਾਂ ਜੋ ਕਿਸਾਨ ਵਿਭਾਗ ਅਧੀਨ ਚੱਲ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਫਾਇਦਾ ਲੈ ਸਕਣ।

---------------------------------------------------------------------

ਹੁਸ਼ਿਆਰਪੁਰ ਦੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਲ ਮੀਡੀਆ ਸਰਟੀਫਿਕੇਸਨ ਅਤੇ ਮੋਨੀਟਰਿੰਗ ਸੈੱਲ ਦਾ ਅਚਨਚੇਤ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਸਿਆਸੀ ਇਸ਼ਤਿਹਾਰਬਾਜ਼ੀ, ਪੇਡ ਨਿਊਜ਼ ਅਤੇ ਝੂਠੀਆਂ ਖਬਰਾਂ 'ਤੇ ਰੱਖੀ ਜਾ ਰਹੀ ਨਜ਼ਰਸਾਨੀ ਨੂੰ ਹੋਰ ਮਜ਼ਬੂਤ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਇਲੈਕਟ੍ਰੋਨਿਕ ਮੀਡੀਆ, ਸੋਸ਼ਲ ਮੀਡੀਆ ਅਤੇ ਈ-ਪੇਪਰ

ਵਿਚ ਕੋਈ ਵੀ ਸਿਆਸੀ ਇਸ਼ਤਿਹਾਰਬਾਜ਼ੀ ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਜਾਰੀ ਨਹੀਂ ਕੀਤੀ ਜਾ ਸਕਦੀ। ਇਸੇ ਤਰਾਂ ਪ੍ਰਿੰਟ ਮੀਡੀਆ ਵਿਚ ਵੋਟਾਂ ਵਾਲੇ ਦਿਨ ਅਤੇ ਵੋਟਾਂ ਵਾਲੇ ਦਿਨ ਤੋਂ ਇਕ ਦਿਨ ਪਹਿਲਾਂ ਕੋਈ ਵੀ ਸਿਆਸੀ ਇਸ਼ਤਿਹਾਰ ਮੀਡੀਆ ਸਰਟੀਫਿਕੇਸਨ ਅਤੇ ਮੋਨੀਟਰਿੰਗ ਕਮੇਟੀ ਦੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਛਪ ਸਕਦਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰ 'ਤੇ ਬਣੀ ਮੀਡੀਆ ਸਰਟੀਫਿਕੇਸਨ ਅਤੇ ਮੋਨੀਟਰਿੰਗ ਕਮੇਟੀ ਵੱਲੋਂ ਸੋਸ਼ਲ ਮੀਡੀਆ 'ਤੇ ਵੀ ਤਿੱਖੀ ਨਜ਼ਰ ਰੱਖੀ ਜਾ ਰਹੀ ਏ।

---------------------------------------------------------------

ਲੁਧਿਆਣਾ ਜ਼ਿਲ੍ਹੇ ਦੇ ਸਾਰੇ 14 ਵਿਧਾਨ ਸਭਾ ਹਲਕਿਆਂ ਦੇ ਸਵੀਪ ਨੋਡਲ ਅਫ਼ਸਰਾਂ ਨਾਲ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਕ ਮੀਟਿੰਗ ਕੀਤੀ ਗਈ। ਅਧਿਕਾਰੀਆਂ ਨੂੰ 'ਇਸ ਵਾਰ 70 ਪਾਰ' ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਆਪਣੀਆਂ ਵੋਟਰ ਜਾਗਰੂਕਤਾ ਗਤੀਵਿਧੀਆਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਗਏ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਹਾਇਕ ਕਮਿਸ਼ਨਰ ਕ੍ਰਿਸ਼ਨ ਪਾਲ ਰਾਜਪੂਤ ਦੀ ਪ੍ਰਧਾਨਗੀ ਹੇਠ ਹੋਈ ਇਸ

ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਸਵੀਪ ਭਾਰਤ ਦੇ ਚੋਣ ਕਮਿਸ਼ਨ ਦਾ ਇੱਕ ਪ੍ਰਮੁੱਖ ਪ੍ਰੋਗਰਾਮ ਏ, ਜਿਸਦਾ ਉਦੇਸ਼ ਵੋਟਰ ਸਿੱਖਿਆ ਅਤੇ ਚੋਣਾਂ ਵਿੱਚ ਭਾਈਵਾਲੀ ਨੂੰ ਉਤਸ਼ਾਹਿਤ ਕਰਨਾ ਏ। 70 ਫੀਸਦ ਤੋਂ ਵੱਧ ਵੋਟ ਪ੍ਰਤੀਸ਼ਤਤਾ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ, ਲੋਕਾਂ ਦੀ ਭਾਈਵਾਲੀ ਨੂੰ ਵਧਾਉਣ ਵਾਲੀਆਂ ਗਤੀਵਿਧੀਆਂ ਦੀ ਇੱਕ ਲੜੀ ਦੀ ਯੋਜਨਾ ਬਣਾਉਣ ਦੀ ਤੁਰੰਤ ਜਰੂਰਤ ਏ।

---------------------------------------------------------------

ਸ਼ਹੀਦ ਭਗਤ  ਸਿੰਘ ਨਗਰ ਜ਼ਿਲੇ ਦੇ ਸਹਾਇਕ ਸਵੀਪ ਨੋਡਲ ਅਫਸਰ ਸਤਨਾਮ ਸਿੰਘ, ਬੀ. ਐਲ. ਐਮ.ਗਰਲਜ ਕਾਲਜ ਨਵਾਂ ਸ਼ਹਿਰ ਤੋਂ ਰਾਜਨੀਤੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਹਰਦੀਪ ਕੌਰ ਅਤੇ ਕੰਪਿਊਟਰ ਫੈਕਲਟੀ ਉਂਕਾਰ ਸਿੰਘ ਵਲੋਂ ਜ਼ਿਲੇ ਦੇ ਵੋਟਰਾਂ ਨੂੰ ਜਾਗਰੂਕ ਕਰਨ ਲਈ ਸਰਕਾਰੀ ਆਈ ਟੀ ਆਈ ਕਾਲਜ ਨਵਾਂਸ਼ਹਿਰ ਦੇ ਪ੍ਰਿੰਸੀਪਲ ਰੁਪਿੰਦਰ ਸਿੰਘ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂ ਅਧੀਨ ਵੋਟਰ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸਤਨਾਮ ਸਿੰਘ ਨੇ ਵਿਦਿਆਰਥੀਆਂ ਨੂੰ ਆਨਲਾਈਨ ਤਰੀਕੇ ਨਾਲ

ਆਪਣੀ ਵੋਟ ਬਣਵਾਉਣ ਅਤੇ ਵੋਟ ਦੀ ਵਰਤੋਂ ਕਰਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਜ਼ਿਲੇ ਨੂੰ ਵੋਟਰ ਟਰਨ ਆਊਟ ਵਿੱਚ ਪਹਿਲੇ ਸਥਾਨ ਤੇ ਲਿਆਉਣ ਲਈ ਆਪਣੀ, ਆਪਣੇ ਪਰਿਵਾਰ ਅਤੇ ਆਪਣੇ ਆਲ਼ੇ ਦੁਆਲੇ ਦੇ ਵੋਟਰਾਂ ਨੂੰ ਲੋਕ ਸਭਾ ਚੋਣਾਂ ਵਿੱਚ ਵੋਟ ਦੇ ਅਧਿਕਾਰ ਦੀ ਵਰਤੋਂ ਲਈ ਕਹਿਣ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।

---------------------------------------------------------------

ਵੋਟਰ ਜਾਗਰੂਕਤਾ ਨੂੰ ਮੁੱਖ ਰਖਦੇ ਹੋਏ ਨੌਜਵਾਨਾਂ ਦੀ ਸਹਿ-ਭਾਗਤਾ ਵਧਾਉਣ ਲਈ ਅੱਜ ਸਰਕਾਰੀ ਕਾਲਜ ਆਫ ਐਜੂਕੇਸ਼ਨ ਮਾਲੇਰਕੋਟਲਾ ਵਿਖੇ ਜ਼ਿਲ੍ਹਾ ਸਵੀਪ ਨੋਡਲ ਅਫਸਰ-ਕਮ- ਜ਼ਿਲ੍ਹਾ ਸਿੱਖਿਆ ਅਫਸਰ ਜਸਵਿੰਦਰ ਕੌਰ ਦੀ ਅਗਵਾਈ ਵਿੱਚ ਸੈਲਫੀ ਪੁਆਇੰਟ ਲਗਾ ਕੇ ਨੌਜਵਾਨਾਂ ਨੂੰ ਚੋਣਾਂ ਵਾਲੇ ਦਿਨ ਆਪਣੀ ਵੋਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੈਲਫੀ ਪੁਆਇੰਟ ਨੂੰ ਲੈ ਕਿ ਵਿਦਿਆਰਥੀਆਂ ਵਿੱਚ ਸੈਲਫੀ ਕਰਵਾਉਣ ਦਾ ਕਾਫੀ ਉਤਸ਼ਾਹ ਨਜਰ ਆਇਆ। ਵਿਦਿਆਰਥੀਆਂ ਨੇ ਮੌਕੇ ਤੇ ਸੈਲਫੀਆਂ ਕਰਵਾ ਕੇ ਆਪਣੇ ਆਪਣੇ ਸ਼ੋਸ਼ਲ ਮੀਡੀਆ ਅਕਾਊਂਟ ਤੇ ਸਾਂਝੀਆਂ ਕੀਤੀਆਂ। ਜਸਵਿੰਦਰ

ਕੌਰ ਨੇ ਕਿਹਾ ਕਿ ਲੋਕਤੰਤਰ ਨੂੰ ਸਵੱਸਥ ਅਤੇ ਮਜਬੂਤ ਬਣਾਉਣ ਲਈ ਨੌਜਵਾਨਾਂ ਦੀ ਮੱਹਤਵਪੂਰਨ ਭੂਮਿਕਾ ਹੁੰਦੀ ਏ, ਇਸ ਲਈ ਵਿਦਿਆਰਥੀਆਂ ਨੂੰ ਭਾਰਤੀ ਚੋਣ ਪ੍ਰਕਿਰਿਆ ਵਿੱਚ ਵੱਧ - ਚੜ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਜ਼ਿਲ੍ਹਾ ਸਵੀਪ ਨੋਡਲ ਅਫਸਰ ਕਾਲਜ ਮੁੰਹਮਦ ਇਰਫਾਨ ਫਾਰੂਕੀ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਅੱਜ ਦਾ ਯੁੱਗ ਸ਼ੋਸ਼ਲ ਮੀਡੀਆ ਦਾ ਯੁੱਗ ਏ ਅਤੇ ਇਸ ਦੀ ਸਾਕਾਰਾਤਮਕ ਵਰਤੋ ਕਰਦੇ ਹੋਏ ਉਹ ਆਪਣੇ ਸ਼ੋਸ਼ਲ ਮੀਡੀਆ ਗਰੁੱਪਾਂ ਰਾਹੀ ਲੋਕਾਂ ਨੂੰ ਵੀ ਜਾਗਰੂਕ ਕਰਨ।

---------------------------------------------------------------

ਕੰਬੋਡੀਆ ਸਿਵਲ ਸੇਵਾ ਦੇ ਅਧਿਕਾਰੀਆਂ ਦੇ 39 ਮੈਂਬਰੀ ਉਚ ਪੱਧਰੀ ਵਫ਼ਦ ਨੇ ਅੱਜ ਪਟਿਆਲਾ ਦਾ ਦੌਰਾ ਕਰਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਉਸਾਰੂ ਵਿਚਾਰ ਵਟਾਂਦਰਾ ਕੀਤਾ। ਇਹ ਅਧਿਕਾਰੀ ਕੰਬੋਡੀਆ ਦੇ ਕੈਬਨਿਟ ਡਿਪਟੀ ਡਾਇਰੈਕਟਰ ਐਂਗ ਮੋਨੀਰਿਥ ਦੀ ਅਗਵਾਈ ਵਿੱਚ ਭਾਰਤ ਸਰਕਾਰ ਦੇ ਨੈਸ਼ਨਲ ਸੈਂਟਰ ਫਾਰ ਗੁੱਡ ਗਵਰਨੈਂਸ ਐਲ.ਬੀ.ਐਸ. ਐਨ.ਐਨ.ਏ. ਮਸੂਰੀ ਤੇ ਨਵੀਂ

ਦਿੱਲੀ ਵਿਖੇ ਚੌਥੇ ਪਬਲਿਕ ਪਾਲਿਸੀ ਅਤੇ ਗਵਰਨੈਂਸ ਬਾਰੇ ਸਿਖਲਾਈ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਭਾਰਤ ਆਏ ਹੋਏ ਨੇ। ਨਗਰ ਨਿਗਮ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਵਲੋਂ ਵਫ਼ਦ ਦਾ ਨਿੱਘਾ ਸੁਆਗਤ ਕਰਦਿਆਂ ਸ਼ਾਸਨ ਅਭਿਆਸਾਂ ਨੂੰ ਵਧਾਉਣ ਲਈ ਅਜਿਹੇ ਅੰਤਰ-ਸੱਭਿਆਚਾਰਕ ਰੁਝੇਵਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਿਸੇ ਦੂਜੇ ਦੇਸ਼ ਦੇ ਅਧਿਕਾਰੀਆਂ ਦਾ ਇਹ ਮਹੱਤਵਪੂਰਨ ਦੌਰਾ ਜਨਤਕ ਸੇਵਾ ਦੇ ਖੇਤਰ ਵਿੱਚ ਕੌਮਾਂਤਰੀ ਸਹਿਯੋਗ ਅਤੇ ਗਿਆਨ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਮਹੱਤਵਪੂਰਨ ਕਦਮ ਦੀ ਨਿਸ਼ਾਨਦੇਹੀ ਕਰਦਾ ਏ।

---------------------------------------------------------------

ਨੈਸ਼ਨਲ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟ੍ਰੇਨਿੰਗ ਐਨ ਸੀ ਈ ਆਰ ਟੀ ਨੇ ਕਿਹਾ ਏ ਕਿ ਉਹ ਸਕੂਲੀ ਕਿਤਾਬਾਂ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਐਨ ਸੀ ਈ ਆਰ ਟੀ ਨੇ ਕਿਹਾ ਕਿ ਪਹਿਲੀ,

ਦੂਜੀ, ਸਤਵੀਂ, ਅੱਠਵੀਂ, ਦਸਵੀਂ ਅਤੇ ਬਾਰਵੀਂ ਦੀਆਂ ਕੋਈ 33 ਲੱਖ ਕਿਤਾਬਾਂ ਛਾਪ ਕੇ ਦੁਕਾਨਾਂ ਤੇ ਪਹੁੰਚਾਈਆਂ ਗਈਆਂ ਨੇ। NCERT ਨੇ ਕਿਹਾ ਕਿ ਕਲਾਸ 3 ਅਤੇ 6 ਲਈ ਨਵੇਂ ਸਿਲੇਬਸ ਦੀਆਂ ਕਿਤਾਬਾਂ ਇਸ ਮਹੀਨੇ ਅਤੇ ਮਈ ਵਿੱਚ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਇਸ ਵਿਚ ਕਿਹਾ ਗਿਆ ਏ ਕਿ ਇਸ ਮਹੀਨੇ ਚੋਥੀ, 5ਵੀਂ, 9ਵੀਂ ਅਤੇ 11ਵੀਂ ਜਮਾਤ ਦੀਆਂ ਕਿਤਾਬਾਂ ਬਾਜ਼ਾਰ 'ਚ ਉਪਲਬਧ ਹੋਣਗੀਆਂ। ਐਨ ਸੀ ਈ ਆਰ ਟੀ ਨੇ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸਬਰ ਰੱਖਣ ਅਤੇ ਫਿਕਰ ਨਾ ਕਰਨ ਦੀ ਬੇਨਤੀ ਕੀਤੀ ਏ। ਐਨ ਸੀ ਈ ਆਰ ਟੀ ਦਾ ਇਹ ਬਿਆਨ ਕਈ ਸੂਬਿਆਂ ਵਿੱਚ ਸਕੂਲੀ ਕਿਤਾਬਾਂ ਦੀ ਉਪਲਬਧਤਾ ਨਾ ਹੋਣ ਦੀਆਂ ਰਿਪੋਰਟਾਂ ਦੇ ਵਿਚਕਾਰ ਆਇਆ ਏ।

-----------------------------------------------------------

ਸਿਵਲ ਹਸਪਤਾਲ ਤਰਨਤਾਰਨ ਦੇ ਐੱਸ ਐੱਮ ਓ ਡਾ.ਕੰਵਲਜੀਤ ਸਿੰਘ ਨੂੰ ਵਿਜੀਲੈਂਸ ਬਿਊਰੋ ਦੀ ਟੀਮ ਨੇ 50 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਬਿਊਰੋ ਦੀ ਟੀਮ ਨੇ ਇੰਸਪੈਕਟਰ ਸ਼ਰਨਜੀਤ ਸਿੰਘ ਦੀ ਅਗਵਾਈ ਵਿੱਚ ਐੱਸ ਐੱਮ ਓ ਦਫ਼ਤਰ ਵਿੱਚ

ਛਾਪਾ ਮਾਰ ਕੇ ਰਿਸ਼ਵਤ ਵਜੋਂ ਲਈ ਗਈ 50 ਹਜ਼ਾਰ ਰੁਪਏ ਦੀ ਰਕਮ ਬਰਾਮਦ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਏ । ਡਾ.ਕੰਵਲਜੀਤ ਸਿੰਘ ਨੇ ਸਿਵਲ ਹਸਪਤਾਲ ਵਿੱਚ ਚੱਲ ਰਹੀ ਮਾਝਾ ਕੰਟੀਨ ਦੇ ਠੇਕੇਦਾਰ ਤੋਂ ਸਾਲ 2024 ਲਈ ਠੇਕਾ ਵਧਾਉਣ ਦੇ ਬਦਲੇ 50 ਹਜ਼ਾਰ ਰੁਪਏ ਦੀ ਰਕਮ ਦੀ ਮੰਗ ਕੀਤੀ ਸੀ । ਉਸ ਖ਼ਿਲਾਫ਼ ਥਾਣਾ ਵਿਜੀਲੈਂਸ ਬਿਊਰੋ, ਅੰਮ੍ਰਿਤਸਰ ਵਿੱਚ ਕੇਸ ਦਰਜ ਕਰਕੇ ਉਸ ਦੀ ਚੱਲ-ਅਚੱਲ ਜਾਇਦਾਦ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਏ ।

---

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ 2024 ਦੌਰਾਨ ਗਲਤ ਜਾਣਕਾਰੀ ਦਾ ਫੈਲਾਅ ਰੋਕਣ ਤੇ ਚੋਣ ਪ੍ਰਕਿਰਿਆ ਦੀ ਅਖੰਡਤਾ ਕਾਇਮ ਰੱਖਣ ਲਈ 'ਮਿੱਥ ਬਨਾਮ ਹਕੀਕਤ ਰਜਿਸਟਰ' ਲਾਂਚ ਕੀਤਾ ।

- ਲੋਕਸਭਾ ਚੋਣਾਂ ਦੌਰਾਨ ਲੋਕਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਬਾਰੇ ਪ੍ਰੇਰਿਤ ਕਰਨ ਲਈ ਵੱਖ ਵੱਖ ਜ਼ਿਲਿਆਂ ਵਿਚ ਕਈ ਗਤੀਵਿਧੀਆਂ ਚੱਲ ਰਹੀਆਂ ਨੇ।
- ਕੰਬੋਡੀਆ ਸਿਵਲ ਸੇਵਾ ਦੇ ਅਧਿਕਾਰੀਆਂ ਦੇ 39 ਮੈਂਬਰੀ ਵਫ਼ਦ ਨੇ ਪਟਿਆਲਾ ਦਾ ਦੌਰਾ ਕਰਕੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਉਸਾਰੂ ਚਰਚਾ ਕੀਤੀ।
- ਐਨ ਸੀ ਈ ਆਰ ਟੀ ਅਨੁਸਾਰ ਬਾਜ਼ਾਰ ਵਿਚ ਸਕੂਲੀ ਕਿਤਾਬਾਂ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਏ।